# Phone call between Prime Minister ShriNarendraModi and H.E. Sheikh Hasina, Prime Minister of the People's Republic of Bangladesh

May 25, 2020

## ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਅਤੇ ਬੰਗਲਾਦੇਸ਼ੀ ਲੋਕ ਗਣਰਾਜ ਦੀ ਪ੍ਰਧਾਨ ਮੰਤਰੀ ਮਹਾਮਹਿਮ ਸ਼ੇਖ ਹਸੀਨਾ ਵਿਚਕਾਰ ਫ਼ੋਨ ’ਤੇ ਗੱਲਬਾਤ

25 ਮਈ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਬੰਗਲਾਦੇਸ਼ੀ ਲੋਕ ਗਣਰਾਜ ਦੀ ਪ੍ਰਧਾਨ ਮੰਤਰੀ ਮਹਾਮਹਿਮ ਸ਼ੇਖ ਹਸੀਨਾ ਨਾਲ ਫ਼ੋਨ ਤੇ ਗੱਲਬਾਤ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਅਤੇ ਬੰਗਲਾਦੇਸ਼ ਦੇ ਲੋਕਾਂ ਨੂੰ ਈਦ-ਉਲ-ਫਿਤਰ ਦੇ ਮੌਕੇ 'ਤੇ ਵਧਾਈ ਦਿੱਤੀ।

ਦੋਨਾਂ ਨੇਤਾਵਾਂ ਨੇ ਦੋਵਾਂ ਦੇਸ਼ਾਂ ਵਿੱਚ ਚੱਕਰਵਾਤ ਅਮਫਾਨ ਤੋਂ ਹੋਏ ਨੁਕਸਾਨ ਬਾਰੇ ਆਪਣਾ ਮੁਲਾਂਕਣ ਸਾਂਝਾ ਕੀਤਾ। ਦੋਨਾਂ ਨੇਤਾਵਾਂ ਨੇ COVID ਮਹਾਂਮਾਰੀ ਦੇ ਹਾਲਾਤ ਅਤੇ ਇਸ ਸਬੰਧ ਵਿਚ ਦੋਵਾਂ ਦੇਸ਼ਾਂ ਵਿਚਾਲੇ ਚੱਲ ਰਹੀ ਭਾਈਵਾਲੀ ਬਾਰੇ ਵੀ ਵਿਚਾਰ ਵਟਾਂਦਰੇ ਕੀਤੇ। ਪ੍ਰਧਾਨ ਮੰਤਰੀ ਮੋਦੀ ਨੇ ਇਨ੍ਹਾਂ ਚੁਣੌਤੀਆਂ ਨਾਲ ਨਜਿੱਠਣ ਲਈ ਬੰਗਲਾਦੇਸ਼ ਨੂੰ ਭਾਰਤ ਦੀ ਮਦਦ ਦੀ ਗੱਲ ਮੁੜ ਦੁਹਰਾਈ।

ਪ੍ਰਧਾਨ ਮੰਤਰੀ ਨੇ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਅਤੇ ਬੰਗਲਾਦੇਸ਼ ਦੇ ਦੋਸਤਾਨਾ ਲੋਕਾਂ ਦੀ ਚੰਗੀ ਸਿਹਤ ਅਤੇ ਤੰਦਰੁਸਤੀ ਲਈ ਸ਼ੁੱਭ ਕਾਮਨਾਵਾਂ ਦਾ ਪ੍ਰਗਟਾਅ ਕੀਤਾ।

ਨਵੀਂ ਦਿੱਲੀ
25 ਮਈ, 2020

DISCLAIMER: This is an approximate translation. The original is available in English on MEA’s website and may be referred to as the official press release.